ਦਫਤਰ :- ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ, ਲੋ:ਨਿ:ਵਿ: ਭ ਤੇ ਮ ਸਾਖਾ, ਸਾਹਮਣੇ ਪੁਲਿਸ ਸਟੇਸ਼ਨ, ਇੰਡਸਟ੍ਰੀਅਲ ਏਰੀਆ ਫੇਸ-1, ਸਾਹਿਬਜਾਦਾ ਅਜੀਤ ਸਿੰਘ ਨਗਰ (ਮੋਹਾਲੀ)

E-mail Id : ee.pd.moh.pwd@punjab.gov.in Tel. & Fax No. 0172-2226328

ਵੱਲ

The Principal,
Akal Academy Kamalpur,
Tehsil- Chamkaur Sahib,
Distt. Roopnagar.

ਨੰ: 4652 ਮਿਤੀ: 12-5-23

ਵਿਸ਼ਾ- **ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ।**

ਹਵਾਲਾ: ਆਪ ਦਾ ਪੱਤਰ ਮਿਤੀ: 05.05.2023 ਉਪ ਮੰਡਲ ਇੰਜੀਨੀਅਰ, ਉਸਾਰੀ ਉਪ ਮੰਡਲ ਨੰ. 1, ਰੂਪਨਗਰ ਵੱਲ।

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਇਸ ਮੰਡਲ ਅਧੀਨ ਉਪ ਮੰਡਲ ਇੰਜੀਨੀਅਰ, ਉਸਾਰੀ ਉਪ ਮੰਡਲ ਨੰ. 1, ਲੋ: ਨਿ: ਵਿ: ਭ ਤੇ ਮ ਸ਼ਾਖਾ, ਰੂਪਨਗਰ ਦੀ ਰਿਪੋਰਟ ਅਨੁਸਾਰ ਸਕੂਲ ਦੀ ਇਮਾਰਤ ਦਾ ਹਰ ਪੱਖੋ ਮੁਆਇਨਾ ਕਰਨ ਉਪਰੰਤ ਇਮਾਰਤ ਠੀਕ ਪਾਈ ਗਈ ਹੈ।ਸਕੂਲ ਵੱਲੋ ਇੰਸਪੇਕਸਨ ਫੀਸ ਰੁ: 10,000/- ਗੌਰਮਿੰਟ ਰਸੀਟ ਨੰ. ST 1942925 ਮਿਤੀ 05-05-2023 ਰਾਹੀ ਜਮਾਂ ਕਰਵਾ ਦਿੱਤੀ ਗਈ ਹੈ। ਇਸ ਲਈ ਉਪਰੋਕਤ ਸਕੂਲ ਦਾ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ 31.03.2024 ਲਈ ਹੇਠ ਲਿਖਿਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ:

1. ਨਿਰੀਖਣ ਤੋਂ ਬਾਅਦ ਜੇਕਰ ਸਕੂਲ ਮੁੱਖੀ ਵੱਲੋ ਦਰਸਾਈ ਗਈ ਬਿਲਡਿੰਗ ਵਿੱਚ ਕੋਈ ਵੀ ਵਾਧਾ/ਬਦਲਾਵ ਕੀਤਾ ਜਾਂਦਾ ਹੈ ਤਾਂ ਉਹ ਕਿਸੇ ਮਾਨਤਾ ਪ੍ਰਾਪਤ ਇੰਜੀਨੀਅਰ ਦੀ ਨਿਗਰਾਨੀ ਵਿੱਚ ਕਰਵਾਇਆ ਜਾਵੇ ਅਤੇ ਬਿਲਡਿੰਗ ਦੀ ਸੇਫਟੀ ਸਬੰਧੀ ਮਾਨਤਾ ਪ੍ਰਾਪਤ ਸਟੱਕਚਰਲ ਇੰਜੀਨੀਅਰ ਤੋਂ ਦੁਬਾਰਾ ਪ੍ਰਵਾਨਗੀ ਲੈਣ ਉਪਰੰਤ ਇਸ ਦਫਤਰ ਤੋਂ ਦਰਸਾਈਆਂ ਸ਼ਰਤਾਂ ਨੂੰ ਮੁੱਖ ਰੱਖਦੇ ਹੋਏ ਦੁਬਾਰਾ ਬਿਲਡਿੰਗ ਦਾ ਸੇਫਟੀ ਸਰਟੀਫਿਕੇਟ ਜਾਰੀ ਕਰਵਾਇਆ ਜਾਵੇ।
2. ਜੇਕਰ ਕੋਈ ਕੁਦਰਤੀ ਆਫਤ ਕਾਰਨ ਜਾਂ ਕਿਸੇ ਵੀ ਕਾਰਨ ਬਿਲਡਿੰਗ ਨੂੰ ਨੁਕਸਾਨ ਹੁੰਦਾ ਹੈ ਤਾਂ ਵੀ ਸਕੂਲ ਮੁੱਖੀ ਨੂੰ ਤੁਰੰਤ ਇਸ ਦਫਤਰ ਨੂੰ ਸੂਚਿਤ ਕਰਨਾ ਪਵੇਗਾ ਤਾਂ ਜੋ ਬਣਦੀ ਕਾਰਵਾਈ ਕੀਤੀ ਜਾ ਸਕੇ।
3. ਇਸ ਬਿਲਡਿੰਗ ਦਾ ਫਾਇਰ ਸੇਫਟੀ ਸਰਟੀਫਿਕੇਟ, ਪੰਜਾਬ ਫਾਇਰ ਸਰਵਿਸਜ਼, ਰੂਪਨਗਰ ਵਲੋ ਉਨ੍ਹਾਂ ਦੇ ਐਨ.ਓ.ਸੀ ਨੰ: 1907-68652-Fire/50665 ਮਿਤੀ: 18.04.2023 ਦੁਆਰਾ ਜਾਰੀ ਕੀਤਾ ਗਿਆ ਹੈ। ਫਾਇਰ ਸੇਫਟੀ ਸਰਟੀਫਿਕੇਟ ਨਵੀਨੀਕਰਨ ਦੀ ਨਿਰੋਲ ਜਿੰਮੇਵਾਰੀ ਬਿਨੈਕਾਰ ਦੀ ਹੋਵੇਗੀ, ਨਹੀ ਤਾਂ ਤੁਰੰਤ ਸਮੇਂ ਤੋ ਇਹ ਬਿਲਡਿੰਗ ਸੇਫਟੀ ਸਰਟੀਫਿਕੇਟ ਰੱਦ ਸਮੱਝਿਆ ਜਾਵੇਗਾ। ਫਾਇਰ ਸੇਫਟੀ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਅੱਗ ਬੁਝਾਊ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬਝਾਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਵੇ।
4. ਇਹ ਸਰਟੀਫਿਕੇਟ ਕਿਸੇ ਵੀ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀ ਹੋਵੇਗਾ।

ਨੱਥੀ/

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ, ਲੋ: ਨਿ: ਵਿ: ਭ ਤੇ ਮ ਸ਼ਾਖਾ,
ਸਾਹਿਬਜਾਦਾ ਅਜੀਤ ਸਿੰਘ ਨਗਰ।

ਪਿੱਠ ਅੰਕਣ ਨੰ: ਮਿਤੀ:

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਉਸਾਰੀ ਉਪ ਮੰਡਲ ਨੰ. 1, ਲੋ: ਨਿ: ਵਿ: ਭ ਤੇ ਮ ਸ਼ਾਖਾ, ਰੂਪਨਗਰ ਨੂੰ ਉਨ੍ਹਾਂ ਦੇ ਪੱਤਰ ਨੰ: 758 ਮਿਤੀ 09-05-2023 ਦੇ ਹਵਾਲੇ ਵਿੱਚ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ, ਲੋ: ਨਿ: ਵਿ: ਭ ਤੇ ਮ ਸ਼ਾਖਾ,
ਸਾਹਿਬਜਾਦਾ ਅਜੀਤ ਸਿੰਘ ਨਗਰ।

Scanned with Oken Scanner